ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹੇ ਵਿੱਚ ਹੁਣ ਤੱਕ ਕੋਰੋਨਾ ਦੇ 74 ਸ਼ੱਕੀ ਮਰੀਜ਼ਾਂ ਦਾ ਕੀਤਾ ਗਿਆ ਟੈਸਟ : ਸਿਵਲ ਸਰਜਨ

62 ਸ਼ੱਕੀ ਮਰੀਜ਼ਾਂ ਦੀ ਰਿਪੋਰਟ ਆਈ ਨੈਗੇਟਿਵ, 10 ਦੀ ਰਿਪੋਰਟ ਪੈਂਡਿੰਗ

ਫ਼ਤਹਿਗੜ੍ਹ ਸਾਹਿਬ, 09 ਅਪ੍ਰੈਲ :

ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਵਿੱਚ ਹੁਣ ਤੱਕ ਕੋਰੋਨਾ ਵਾਇਰਸ ਦੇ 74 ਸ਼ੱਕੀ ਮਰੀਜਾਂ ਦੇ ਸੈਂਪਲ ਲਏ ਗਏ ਹਨ, ਜਿਨ੍ਹਾਂ ਵਿੱਚੋਂ 64 ਮਰੀਜਾਂ ਦੀ ਰਿਪੋਰਟ ਆ ਚੁੱਕੀ ਹੈ ਅਤੇ ਬਾਕੀ 10 ਸ਼ੱਕੀ ਮਰੀਜਾਂ ਦੀ ਰਿਪੋਰਟ ਆਉਣੀ ਬਾਕੀ ਹੈ। ਇਸ ਗੱਲ ਦੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਐਨ.ਕੇ. ਅਗਰਵਾਲ ਨੇ ਦੱਸਿਆ ਕਿ 62 ਮਰੀਜਾਂ ਦੀ ਰਿਪੋਰਟ ਨੈਗੇਟਿਵ ਆਈ ਹੈ ਜਦੋਂ ਕਿ 02 ਮਰੀਜਾਂ ਦੀ ਰਿਪੋਰਟ ਪਿਛਲੇ ਦਿਨੀਂ ਪਾਜੇਟਿਵ ਆਈ ਸੀ। ਉਨ੍ਹਾਂ ਦੱਸਿਆ ਕਿ 2 ਪਾਜੇਟਿਵ ਆਉਣ ਵਾਲੇ ਮਰੀਜ ਦਿੱਲੀ ਤੋਂ 32 ਲੋਕਾਂ ਨਾਲ ਆਏ ਸਨ।
ਉਨ੍ਹਾ ਦੱਸਿਆ ਕਿ ਵਿਭਾਗ ਵੱਲੋਂ ਇਹ ਸਾਰੇ ਲੋਕਾਂ ਨੂੰ ਟਰੇਸ ਕਰਕੇ 14 ਦਿਨਾਂ ਲਈ ਇਕਾਂਤਵਾਸ ਕਰ ਦਿੱਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਪੋਜਟਿਵ ਆਉਣ ਵਾਲੇ 2 ਮਰੀਜਾਂ ਦੇ 145 ਕਲੋਜ ਕੰਟੈਕਟ ਵਿਅਕਤੀਆਂ ਨੂੰ ਵੀ ਟ੍ਰੇਸ ਕਰਕੇ ਇਕਾਂਤਵਾਸ ਕਰ ਦਿੱਤਾ ਗਿਆ ਹੈ I ਉਨ੍ਹਾਂ ਕਿਹਾ ਕਿ ਅੱਜ ਵੀ ਇਨ੍ਹਾ ਦੇ ਕਲੋਜ ਕੰਟੈਕਟ ਵਿੱਚੋਂ 10 ਨਵੇਂ ਸੈਂਪਲ ਜਾਂਚ ਲਈ ਭੇਜੇ ਗਏ ਹਨ ਜਿਨ੍ਹਾਂ ਦੀ ਰਿਪੋਰਟ ਆਉਣੀ ਬਾਕੀ ਹੈ
ਸਿਵਲ ਸਰਜਨ ਨੇ ਦੱਸਿਆ ਕਿ ਘਰਾਂ ਵਿੱਚ ਇਕਾਂਤਵਾਸ ਕੀਤੇ ਗਏ ਵਿਅਕਤੀਆਂ ਨੂੰ ਸਖਤ ਹਦਾਇਤਾਂ ਦਿੱਤੀਆਂ ਗਈਆਂ ਹਨ ਕਿ ਉਹ ਆਪਣੇ ਇਕਾਂਤਵਾਸ ਦੇ ਸਮੇਂ ਦੌਰਾਨ ਆਪਣੇ ਘਰਾਂ ਤੱਕ ਹੀ ਸੀਮਤ ਰਹਿਕੇ ਇਕਾਂਤਵਾਸ ਦੇ ਨਿਯਮਾਂ ਦੀ ਪਾਲਣਾ ਕਰਨ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਵਿਅਕਤੀ ਇਕਾਂਤਵਾਸ ਦੇ ਨਿਯਮਾਂ ਦੀ ਪਾਲਣਾ ਨਹੀਂ ਕਰਦਾ ਤਾਂ ਉਸ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਸਿਵਲ ਸਰਜਨ ਨੇ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਿੰਡਾਂ ਵਿੱਚ ਪੰਜਾਬ ਤੇ ਬਾਹਰੀ ਸੂਬਿਆਂ ਤੋਂ ਆਉਣ ਵਾਲੇ ਵਿਅਕਤੀਆਂ ਦੀ ਸੂਚਨਾ ਪ੍ਰਸ਼ਾਸਨ, ਸਿਹਤ ਵਿਭਾਗ ਜਾਂ ਪੁਲਿਸ ਵਿਭਾਗ ਨੂੰ ਦੇਣ। ਡਾ. ਅਗਰਵਾਲ ਨੇ ਕਿਹਾ ਕਿ ਹਰੇਕ ਵਿਅਕਤੀ ਨੂੰ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਅਤੇ ਆਪਣੇ ਘਰਾਂ ਵਿੱਚ ਰਹਿੰਦਿਆਂ ਹੀ ਆਪਣੇ ਪਰਿਵਾਰ ਅਤੇ ਸਮਾਜ ਦੀ ਭਲਾਈ ਲਈ ਸੋਚਣਾ ਚਾਹੀਦਾ ਹੈ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਨਿਆਂਇਕ ਅਧਿਕਾਰੀਆਂ ਤੇ ਸਟਾਫ ਨੇ ਮੁੱਖ ਮੰਤਰੀ ਕੋਵਿਡ ਰਾਹਤ ਫੰਡ ਵਿੱਚ ਕਰੀਬ 2.23 ਲੱਖ ਰੁਪਏ ਦਿੱਤੇ

ਜ਼ਿਲ੍ਹੇ ਦੇ ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਾਫ ਸਫਾਈ ਰੱਖਣ ਦੀ ਕੀਤੀ ਅਪੀਲ

ਫ਼ਤਹਿਗੜ੍ਹ ਸਾਹਿਬ, 09 ਅਪ੍ਰੈਲ :

ਕੋਵਿਡ-19 ਵਿਰੁੱਧ ਲੜੀ ਜਾ ਰਹੀ ਜੰਗ ਵਿੱਚ ਯੋਗਦਾਨ ਪਾਉਂਦਿਆਂ ਜ਼ਿਲ੍ਹਾ ਤੇ ਸੈਸ਼ਨ ਜੱਜ ਸ਼੍ਰੀ ਨਿਰਭਓ ਸਿੰਘ ਗਿੱਲ ਦੀ ਅਗਵਾਈ ਵਿੱਚ ਸਮੂਹ ਜੱਜਾਂ ਤੇ ਸਟਾਫ ਨੇ ਮੁੱਖ ਮੰਤਰੀ ਕੋਵਿਡ ਰਾਹਤ ਫੰਡ ਵਿੱਚ ਕਰੀਬ 02 ਲੱਖ 23 ਹਜ਼ਾਰ ਰੁਪਏ ਦਿੱਤੇ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੀ ਆਸ਼ੀਸ਼ ਕੁਮਾਰ ਬਾਂਸਲ, ਸਿਵਲ ਜੱਜ ਸੀਨੀਅਰ ਡਵੀਜ਼ਨ ਨੇ ਕਿਹਾ ਕਿ ਨੋਵੇਲ ਕੋਰੋਨਾ ਵਾਇਰਸ ਕਾਰਨ ਪੈਦਾ ਹੋਈ ਸਥਿਤੀ ਦਾ ਸਾਹਮਣਾ ਕਰਨ ਲਈ ਹਰੇਕ ਵਰਗ ਦੇ ਲੋਕਾਂ ਦਾ ਸਹਿਯੋਗ ਬਹੁਤ ਜਰੂਰੀ ਹੈ ਅਤੇ ਇਸ ਮੁਸ਼ਕਲ ਘੜੀ ਵਿੱਚ ਕੋਰੋਨਾ ਖਿਲਾਫ ਜੰਗ ਵਿੱਚ ਇਹ ਯੋਗਦਾਨ ਪਾਇਆ ਗਿਆ ਹੈ । ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਇਸ ਬਿਮਾਰੀ ਤੋਂ ਬਚਾਅ ਲਈ ਸਾਫ ਸਫਾਈ ਦਾ ਵਿਸ਼ੇਸ਼ ਧਿਆਨ ਰੱਖਣਾ ਚਾਹੀਦਾ ਹੈ ਅਤੇ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਦੀ ਵਰਤੋਂ ਕਰਨ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ।

ਸ਼੍ਰੀ ਬਾਂਸਲ ਨੇ ਕਿਹਾ ਕਿ ਜ਼ਿਲ੍ਹਾ ਤੇ ਸੈਸ਼ਨ ਜੱਜ ਸ਼੍ਰੀ ਨਿਰਭਓ ਸਿੰਘ ਗਿੱਲ ਵੱਲੋਂ ਸਮੂਹ ਨਿਆਂਇਕ ਅਧਿਕਾਰੀਆਂ ਤੇ ਸਟਾਫ ਨੂੰ ਇਸ ਮੁਸ਼ਕਲ ਘੜੀ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਤ ਕੀਤਾ ਗਿਆ ਸੀ, ਜਿਸ ਸਦਕਾ ਇਹ ਉਪਰਾਲਾ ਕੀਤਾ ਹੈ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਮੱਛੀ ਫਾਰਮ ਬਾਗੜੀਆਂ ਤੋਂ ਮੱਛੀ ਪੂੰਗ ਦੀ ਸਪਲਾਈ ਸਵੇਰੇ 09:00 ਵਜੇ ਤੋਂ ਸ਼ਾਮ 05:00 ਵਜੇ ਤੱਕ ਹੋਵੇਗੀ

ਫ਼ਤਹਿਗੜ੍ਹ ਸਾਹਿਬ, 09 ਅਪ੍ਰੈਲ :

ਜ਼ਿਲ੍ਹਾ ਮੈਜਿਸਟਰੇਟ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਫੌਜਦਾਰੀ ਜਾਬਤਾ ਸੰਘਤਾ 1973 ( 2 ਆਫ 1974) ਐਕਟ ਦੀ ਧਾਰਾ 144 ਅਧੀਨ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਵਿਚ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਲਗਾਏ ਕਰਫਿਊ ਵਿੱਚ ਕੁਝ ਹੋਰ ਛੋਟ ਦੇਣ ਦੇ ਹੁਕਮ ਜਾਰੀ ਕੀਤੇ ਹਨ। ਜਾਰੀ ਕੀਤੇ ਹੁਕਮਾਂ ਅਨੁਸਾਰ ਮੱਛੀ ਫਾਰਮ ਬਾਗੜੀਆਂ ਤੋਂ ਮੱਛੀ ਪੂੰਗ ਦੀ ਸਪਲਾਈ ਸਵੇਰੇ 09:00 ਵਜੇ ਤੋਂ ਸ਼ਾਮ 05:00 ਵਜੇ ਤੱਕ ਹੋਵੇਗੀ।ਸਹਾਇਕ ਡਾਇਰੈਕਟਰ ਮੱਛੀ ਪਾਲਣ ਵਿਭਾਗ ਮੱਛੀ ਪੂੰਗ ਦੀ ਸਪਲਾਈ ਸਬੰਧੀ ਪ੍ਰਵਾਨਗੀ ਇਹ ਧੰਦਾ ਕਰਨ ਵਾਲਿਆਂ ਨੂੰ ਅਪਣੇ ਪੱਧਰ 'ਤੇ ਜਾਰੀ ਕਰਨਗੇ ਅਤੇ ਇਹ ਵੀ ਯਕੀਨੀ ਬਣਾਉਣਗੇ ਕਿ ਮੱਛੀ ਪੂੰਗ ਦੀ ਸਪਲਾਈ ਸਮੇਂ ਇਕੱਠ ਨਾ ਹੋਣ ਦਿੱਤਾ ਜਾਵੇ।

ਜ਼ਿਲ੍ਹਾ ਮੈਜਿਸਟਰੇਟ ਨੇ ਮਧੂ ਮੱਖੀ ਪਾਲਕਾਂ ਨੂੰ ਹਦਾਇਤ ਕੀਤੀ ਹੈ ਕਿ ਸ਼ਹਿਦ ਦੀ ਸਪਲਾਈ ਅਤੇ ਮੱਖੀ ਫਾਰਮਾਂ ਦੀ ਸਾਂਭ ਸੰਭਾਲ ਦਾ ਕੰਮ ਸਵੇਰੇ 09:00 ਵਜੇ ਤੋਂ ਸ਼ਾਮ 05:00 ਵਜੇ ਤੱਕ ਕੀਤਾ ਜਾਵੇ। ਇਸ ਤੋਂ ਇਲਾਵਾ ਜਰੂਰੀ ਵਸਤਾਂ ਤੇ ਸੇਵਾਵਾਂ ਲਈ ਢੋਆ ਢੋਆਈ ਵਿੱਚ ਲੱਗੇ ਹੋਏ ਵਾਹਨਾਂ ਦੀ ਰਿਪੇਅਰ ਦੀਆਂ ਵਰਕਸ਼ਾਪਾਂ/ਸਪੇਅਰ ਪਾਰਟਸ ਦੀਆਂ ਦੁਕਾਨਾਂ ਸਵੇਰੇ 07:00 ਵਜੇ ਤੋਂ ਦੁਪਹਿਰ 12:00 ਵਜੇ ਤੱਕ ਹੀ ਖੁਲਣਗੀਆਂ ਅਤੇ ਵਾਹਨਾਂ ਦੀ ਰਿਪੇਅਰ ਵਰਕਸ਼ਾਪ ਦੇ ਅੰਦਰ ਹੀ ਕੀਤੀ ਜਾਵੇਗੀ।

ਜ਼ਿਲ੍ਹਾ ਮੈਜਿਸਟਰੇਟ ਨੇ ਹੁਕਮ ਦਿੱਤੇ ਹਨ ਕਿ ਕਰਫਿਊ ਪਾਸ ਜਾਰੀ ਕਰਵਾਉਣ ਲਈ
ਵੈਬਸਾਈਟ https://epasscovid19.pais.net.in/ 'ਤੇ ਆਨ ਲਾਈਨ ਅਪਲਾਈ ਕੀਤਾ ਜਾਵੇ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕੋਵਿਡ-19 ਵਿਰੁੱਧ ਲੜਾਈ ਵਿੱਚ ਨੌਜਵਾਨਾਂ ਦਾ ਸਹਿਯੋਗ ਸ਼ਲਾਘਾਯੋਗ : ਡੀ.ਸੀ.

ਡਿਪਟੀ ਕਮਿਸ਼ਨਰ ਤੇ ਜ਼ਿਲ੍ਹਾ ਪੁਲਿਸ ਮੁਖੀ ਨੇ ਕੋਰੋਨਾ ਵਾਇਰਸ ਤੋਂ ਬਚਾਅ ਲਈ ਕੀਤੇ ਜਾ ਰਹੇ ਉਪਰਾਲਿਆਂ ਦਾ ਜਾਇਜਾ ਲੈਣ ਲਈ ਵੱਖ-ਵੱਖ ਪਿੰਡਾਂ ਦਾ ਕੀਤਾ ਦੌਰਾ

ਡਿਊਟੀ 'ਦੇ ਰਹੇ ਸਟਾਫ ਤੇ ਪੁਲਿਸ ਜਵਾਨਾਂ ਨੂੰ ਦਿੱਤੇ ਮਾਸਕ ਤੇ ਬਿਸਕੁੱਟ

ਪਿੰਡਾਂ 'ਚ ਨਾਕੇ ਲਗਾ ਰਹੇ ਨੌਜਵਾਨਾਂ ਦੀ ਕੀਤੀ ਹੌਸਲਾ ਅਫਜ਼ਾਈ
ਫ਼ਤਹਿਗੜ੍ਹ ਸਾਹਿਬ, 09 ਅਪ੍ਰੈਲ :

ਕੋਵਿਡ-19 ਵਿਰੁੱਧ ਪੰਜਾਬ ਸਰਕਾਰ ਵੱਲੋਂ ਲੜੀ ਜਾ ਰਹੀ ਲੜਾਈ ਵਿੱਚ ਜਿਥੇ ਹਰੇਕ ਵਰਗ ਦੇ ਲੋਕਾਂ ਵੱਲੋਂ ਭਰਵਾਂ ਸਹਿਯੋਗ ਦਿੱਤਾ ਜਾ ਰਿਹਾ ਹੈ ਉਥੇ ਨੌਜਵਾਨ ਵਰਗ ਵੱਲੋਂ ਵੱਖ-ਵੱਖ ਸਥਾਨਾਂ 'ਤੇ ਨਾਕੇ ਲਗਾ ਕੇ ਜੋ ਯੋਗਦਾਨ ਦਿੱਤਾ ਜਾ ਰਿਹਾ ਹੈ ਉਹ ਸ਼ਲਾਘਾਯੋਗ ਹੈ ਕਿਉਂਕਿ ਇਸ ਬਿਮਾਰੀ ਨੂੰ ਸਾਂਝੇ ਯਤਨਾਂ ਨਾਲ ਹੀ ਮਾਤ ਦਿੱਤੀ ਜਾ ਸਕਦੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਜ਼ਿਲ੍ਹਾ ਪੁਲਿਸ ਮੁਖੀ ਸ਼੍ਰੀਮਤੀ ਅਮਨੀਤ ਕੌਂਡਲ ਦੇ ਨਾਲ ਕੋਰੋਨਾ ਵਾਇਰਸ ਕਾਰਨ ਪੈਦਾ ਹੋਈ ਸਥਿਤੀ ਦਾ ਜਾਇਜਾ ਲੈਣ ਲਈ ਵੱਖ-ਵੱਖ ਥਾਵਾਂ ਦਾ ਦੌਰਾ ਕਰਨ ਉਪਰੰਤ ਗੱਲਬਾਤ ਕਰਦਿਆਂ ਕੀਤਾ।

ਉਨ੍ਹਾਂ ਕਿਹਾ ਕਿ ਕੋਵਿਡ-19 ਕਾਰਨ ਪੈਦਾ ਹੋਏ ਹਾਲਾਤ ਨਾਲ ਨਜਿੱਠਣ ਲਈ ਪੰਜਾਬ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਇਸ ਮਹਾਂਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਉਨ੍ਹਾਂ ਇਸ ਮੌਕੇ ਨਾਕੇ ਲਗਾ ਰਹੇ ਵਲੰਟੀਅਰਾਂ ਤੇ ਪੁਲਿਸ ਜਵਾਨਾਂ ਨੂੰ ਮਾਸਕ ਅਤੇ ਬਿਸਕੁੱਟ ਦਿੱਤੇ ਅਤੇ ਕੋਰੋਨਾ ਵਾਇਰਸ ਵਿਰੁੱਧ ਲੜੀ ਜਾ ਰਹੀ ਜੰਗ ਵਿੱਚ ਪ੍ਰਸ਼ਾਸਨ ਨੂੰ ਸਹਿਯੋਗ ਦੇ ਰਹੇ ਵਲੰਟੀਅਰਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਵੀ ਕੀਤਾ।

ਡਿਪਟੀ ਕਮਿਸ਼ਨਰ ਨੇ ਪਿੰਡਾਂ ਵਿੱਚ ਨਾਕੇ ਲਗਾ ਰਹੇ ਵਲੰਟੀਅਰਾਂ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਹਮੇਸ਼ਾਂ ਹਰੇਕ ਮੁਸ਼ਕਲ ਦਾ ਡਟ ਕੇ ਸਾਹਮਣਾ ਕੀਤਾ ਹੈ। ਉਨ੍ਹਾਂ ਕਿਹਾ ਕਿ ਜਿਲ੍ਹਾ ਪ੍ਰਸ਼ਾਸਨ ਵੱਲੋਂ ਨਾਗਰਿਕਾਂ ਦੀ ਸਹੂਲਤ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ ਆਮ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖ ਕੇ ਉਨ੍ਹਾਂ ਦੀ ਜਰੂਰਤ ਦਾ ਸਮਾਨ ਉਨ੍ਹਾਂ ਦੇ ਘਰਾਂ ਤੱਕ ਪਹੁੰਚਾਇਆ ਜਾ ਰਿਹਾ ਹੈ।

ਸ਼੍ਰੀਮਤੀ ਗਿੱਲ ਨੇ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਕੋਵਿਡ-19 ਦੀ ਚੇਨ ਨੂੰ ਤੋੜਨ ਲਈ ਸੋਸ਼ਲ ਡਿਸਟੈਂਸ ਬਣਾ ਕੇ ਰੱਖਣਾ ਬਹੁਤ ਜਰੂਰੀ ਹੈ । ਇਸ ਲਈ ਹਰੇਕ ਵਿਅਕਤੀ ਤੋਂ ਘੱਟ ਤੋਂ ਘੱਟ ਇੱਕ ਮੀਟਰ ਦੀ ਦੂਰੀ ਬਣਾ ਕੇ ਰੱਖੀ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਕਰਫਿਊ ਦੌਰਾਨ ਆਪਣੇ ਘਰਾਂ ਵਿੱਚ ਹੀ ਰਹੋ ਅਤੇ ਬਿਨਾਂ ਕਿਸੇ ਐਮਰਜੰਸੀ ਦੇ ਘਰੋਂ ਨਾ ਬਾਹਰ ਨਿਕਲਿਆ ਜਾਵੇ। ਉਨ੍ਹਾਂ ਕਿਹਾ ਕਿ ਖੰਘਦੇ ਜਾਂ ਛਿੱਕਦੇ ਸਮੇਂ ਆਪਣਾ ਮੂੰਹ ਤੇ ਨੱਕ ਰੁਮਾਲ ਨਾਲ ਢੱਕ ਕੇ ਰੱਖਿਆ ਜਾਵੇ। ਆਪਣੇ ਹੱਥਾਂ ਨੂੰ ਵਾਰ-ਵਾਰ ਸਾਬਣ ਤੇ ਪਾਣੀ ਨਾਲ ਘੱਟ ਤੋਂ ਘੱਟ 20 ਸਕਿੰਟ ਤੱਕ ਧੋਇਆ ਜਾਵੇ ਜਾਂ ਸੈਨੇਟਾਈਜ਼ਰ ਨਾਲ ਸਾਫ ਕੀਤਾ ਜਾਵੇ।

ਕੈਪਸ਼ਨ: ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਤੇ ਜ਼ਿਲ੍ਹਾ ਪੁਲਿਸ ਮੁਖੀ ਸ਼੍ਰੀਮਤੀ ਅਮਨੀਤ ਕੌਂਡਲ, ਪਿੰਡ ਮੰਡੋਫਲ ਵਿਖੇ ਨਾਕੇ ਤੇ ਡਿਊਟੀ ਦੇ ਰਹੇ ਵਲੰਟੀਅਰਾਂ ਨਾਲ ਗੱਲਬਾਤ ਕਰਦੇ ਹੋਏ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਖ਼ਾਲਸਾ ਏਡ ਨੇ ਕੋਰੋਨਾ ਵਾਇਰਸ ਦੇ ਟਾਕਰੇ ਲਈ ਸ਼ਹੀਦਾਂ ਦੀ ਧਰਤੀ ਫ਼ਤਹਿਗੜ੍ਹ ਸਾਹਿਬ ਲਈ ਦਿੱਤੀਆਂ 90 ਪੀ.ਪੀ.ਈ. ਕਿੱਟਾਂ

ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਨੇ ਖ਼ਾਲਸਾ ਏਡ ਦਾ ਕੀਤਾ ਧੰਨਵਾਦ

ਕੋਰੋਨਾ ਖ਼ਿਲਾਫ਼ ਜੰਗ ਵਿੱਚ ਲੋਕਾਂ ਤੇ ਵੱਖ ਵੱਖ ਸੰਸਥਾਵਾਂ ਵੱਲੋਂ ਮਿਲ ਰਿਹਾ ਸਹਿਯੋਗ ਸ਼ਲਾਘਾਯੋਗ

ਫ਼ਤਹਿਗੜ੍ਹ ਸਾਹਿਬ, 09 ਅਪ੍ਰੈਲ
ਕੋਰੋਨਾ ਵਾਇਰਸ ਤੋਂ ਬਚਾਅ ਲਈ ਜਿੱਥੇ ਪੰਜਾਬ ਸਰਕਾਰ ਦਿਨ ਰਾਤ ਇਕ ਕਰ ਕੇ ਕੰਮ ਕਰ ਰਹੀ ਹੈ, ਉਥੇ ਵੱਖ ਵੱਖ ਸੰਸਥਾਵਾਂ ਵਿੱਚ ਇਸ ਜੰਗ ਵਿੱਚ ਵੱਧ ਚੜ੍ਹ ਕੇ ਯੋਗਦਾਨ ਪਾ ਰਹੀਆਂ ਹਨ। ਸਾਰੀ ਦੁਨੀਆਂ ਵਿੱਚ ਇਸ ਬਿਮਾਰੀ ਦੇ ਖਾਤਮੇ ਤੇ ਲੋਕਾਂ ਦੀ ਮਦਦ ਕਰਨ ਵਿੱਚ ਅਹਿਮ ਰੋਲ ਨਿਭਾਅ ਰਹੀ ਕੌਮਾਂਤਰੀ ਸੰਸਥਾ ਖ਼ਾਲਸਾ ਏਡ ਨੇ ਸ਼ਹੀਦਾਂ ਦੀ ਧਰਤੀ ਫ਼ਤਹਿਗੜ੍ਹ ਸਾਹਿਬ ਨੂੰ 90 ਪੀ.ਪੀ.ਈ. (ਪਰਸਨਲ ਪ੍ਰੋਟੈਕਟਿਵ ਇਕਿਉਪਮੈਂਟ) ਕਿੱਟਾਂ ਭੇਜੀਆਂ ਹਨ, ਜੋ ਕਿ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੂੰ ਦਿੱਤੀਆਂ

ਇਸ ਉਪਰਾਲੇ ਲਈ ਖ਼ਾਲਸਾ ਏਡ ਦਾ ਧੰਨਵਾਦ ਕਰਦਿਆਂ ਹਲਕਾ ਵਿਧਾਇਕ ਸ. ਨਾਗਰਾ ਨੇ ਕਿਹਾ ਕਿ ਖਾਲਸਾ ਏਡ ਪੂਰੀ ਦੁਨੀਆਂ ਵਿੱਚ ਲੋੜਵੰਦਾਂ ਦੀ ਮਦਦ ਕਰਦੀ ਹੈ। ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ ਉਤੇ ਚੱਲਦਿਆਂ ਖਾਲਸਾ ਏਡ ਦੇ ਮੈਂਬਰ ਜਿਥੇ ਵੀ ਕਿਤੇ ਕੋਈ ਭੀੜ ਪੈਂਦੀ ਹੈ, ਉਥੇ ਪੁੱਜ ਕੇ ਲੋਕਾਂ ਦੀ ਬਾਂਹ ਫੜਦੇ ਹਨ।ਉਨ੍ਹਾਂ ਕਿਹਾ ਕਿ ਖ਼ਾਲਸਾ ਏਡ ਵੱਲੋਂ ਕੀਤੇ ਜਾ ਰਹੇ ਉਪਰਾਲੇ ਕੋਰੋਨਾ ਖ਼ਿਲਾਫ਼ ਜੰਗ ਵਿੱਚ ਸਹਾਈ ਸਿੱਧ ਹੋਣਗੇ।

ਸ. ਨਾਗਰਾ ਨੇ ਕਿਹਾ ਕਿ ਪੰਜਾਬ ਸਰਕਾਰ ਇਸ ਬਿਮਾਰੀ ਨੂੰ ਫੈਲਣ ਤੋਂ ਰੋਕਣ ਤੇ ਇਸ ਦੇ ਖ਼ਾਤਮੇ ਲਈ ਦਿਨ ਰਾਤ ਇਕ ਕਰ ਕੇ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸਾਰੀਆਂ ਲੋੜੀਂਦੀਆਂ ਚੀਜ਼ਾਂ ਲੋਕਾਂ ਦੇ ਘਰਾਂ ਤੱਕ ਪੁੱਜਦੀਆਂ ਕੀਤੀਆਂ ਜਾ ਰਹੀਆਂ ਹਨ। ਲੋੜਵੰਦਾਂ ਤੱਕ ਤਿਆਰ ਖਾਣਾ ਨਿਰੰਤਰ ਪੁੱਜਦਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਸਰਕਾਰ ਨੂੰ ਸਹਿਯੋਗ ਦਿੱਤਾ ਜਾ ਰਿਹਾ ਹੈ, ਜੋ ਕਿ ਸ਼ਲਾਘਾਯੋਗ ਹੈ।ਹਲਕਾ ਵਿਧਾਇਕ ਨੇ ਇਸ ਔਖੀ ਘੜੀ ਵਿੱਚ ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਵੱਲੋਂ ਮਿਲ ਰਹੇ ਸਹਿਯੋਗ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਤੇ ਭਰੋਸਾ ਦਿਵਾਇਆ ਕਿ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।